# ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰਬਰ 35 ਤਹਿਤ ਸਥਾਪਤ)

**ਕੰਟਰੋਲਰ (ਪ੍ਰੀਖਿਆਵਾਂ) ਦਫ਼ਤਰ**

ਨੰਬਰ:..................
ਮਿਤੀ...................

**ਸਮੂਹ ਟੈਂਡਰਕਾਰ**

ਵਿਸ਼ਾ: ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਵੇਚਣ ਸਬੰਧੀ।

ਯੂਨੀਵਰਸਿਟੀ ਵੱਲੋਂ ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਰੱਦੀ ਵੇਚਣ ਲਈ ਬੰਦ ਲਿਫ਼ਾਫੇ ਵਿੱਚ ਕੁਟੇਸ਼ਨਾਂ ਮੰਗੀਆਂ ਜਾਂਦੀਆ ਹਨ। ਇਹ ਕੁਟੇਸ਼ਨਾਂ ਕੰਟਰੋਲਰ (ਪ੍ਰੀਖਿਆਵਾਂ) ਦੇ ਨਾਂ ਤੇ ਕੰਟਰੋਲਰ (ਪ੍ਰੀਖਿਆਵਾਂ), ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਦਫ਼ਤਰ ਵਿਖੇ ਮਿਤੀ 08/02/2024 ਬਾਅਦ ਦੁਪਿਹਰ 01:00 ਵਜੇ ਤੱਕ ਰਜਿਸਟਰਡ ਡਾਕ/ਸਪੀਡ ਪੋਸਟ/ਕੋਰਿਅਰ/ਦਸਤੀ ਰਾਹੀਂ ਹਰ ਹਾਲਤ ਵਿੱਚ ਪੁੱਜਦੀਆਂ ਹੋਣ। ਲਿਫਾਫੇ ਉਪਰ ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਲਈ ਕੁਟੇਸ਼ਨਾ ਲਿਖਿਆ ਹੋਣਾ ਚਾਹੀਦਾ ਹੈ। ਕੁਟੇਸ਼ਨ ਦੇ ਨਾਲ ਬਤੌਰ ਜਮਾਨਤੀ ਰਕਮ 10,000/- ਰੁਪਏ (ਦੱਸ ਹਜ਼ਾਰ ਰੁਪਏ) ਦਾ ਡਿਮਾਂਡ ਡਰਾਫ਼ਟ ਜੋ ਕਿ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਨਾਮ ਅਤੇ ਪਟਿਆਲਾ ਵਿਖੇ ਅਦਾਇਗੀ ਯੋਗ ਹੋਵੇ ਨਾਲ ਨੱਥੀ ਕੀਤਾ ਜਾਵੇ।

ਕੁਟੇਸ਼ਨਾਂ ਮਿਤੀ 09/02/2024 ਨੂੰ ਬਾਅਦ ਦੁਪਿਹਰ 04:00 ਵਜੇ ਡੀਨ, ਅਕਾਦਮਿਕ ਮਾਮਲੇ ਦਫ਼ਤਰ ਵਿਖੇ ਖੋਲ੍ਹੀਆਂ ਜਾਣਗੀਆਂ। ਰੱਦੀ ਚੁੱਕਣ ਤੋ ਪਹਿਲਾਂ ਫਰਮਾਂ/ਟੈਂਡਰਕਾਰਾਂ ਨੂੰ ਯੂਨੀਵਰਸਿਟੀ ਨਾਲ ਇਕਰਾਰਨਾਮਾ ਕਰਨਾ ਹੋਵੇਗਾ, ਜਿਸ ਦੀਆਂ ਸ਼ਰਤਾ ਇਸ ਪੱਤਰ ਦੇ ਨਾਲ ਨੱਥੀ ਪ੍ਰਫੋਰਮੇ ਤੇ ਅੰਕਿਤ ਹਨ। ਕੁਟੇਸ਼ਨ ਮਨਜ਼ੂਰ ਹੋਣ ਦੀ ਸੂਰਤ ਵਿੱਚ ਪ੍ਰਵਾਨਗੀ ਪ੍ਰਾਪਤ ਹੋਣ ਦੀ ਮਿਤੀ ਤੋ 07 ਦਿਨਾਂ ਦੇ ਅੰਦਰ-ਅੰਦਰ ਇਕਰਾਰਨਾਮੇ ਦੀਆਂ ਸ਼ਰਤਾਂ ਅਨੁਸਾਰ ਪੂਰੀ ਅਦਾਇਗੀ ਕਰਕੇ ਰੱਦੀ ਚੁੱਕਣੀ ਹੋਵੇਗੀ।

ਕੁਟੇਸ਼ਨ ਹੇਠ ਦਿੱਤੇ ਪ੍ਰੋਫਾਰਮੇ ਤੇ ਪਾਸਪੋਰਟ ਸਾਈਜ਼ ਦੀ ਤਸਦੀਕ ਸ਼ੁਦਾ ਫੋਟੋ ਲਗਾਉਂਦੇ ਹੋਏ, ਰਿਹਾਇਸ਼ ਦੇ ਸਬੂਤ ਅਤੇ ਪਹਿਚਾਣ ਪੱਤਰ ਦੀ ਫੋਟੋਕਾਪੀ ਸਹਿਤ ਭੇਜੀ ਜਾਵੇ। ਅਧੂਰੀ ਕੁਟੇਸ਼ਨ ਕਿਸੇ ਵੀ ਸੂਰਤ ਵਿੱਚ ਸਵੀਕਾਰ ਨਹੀਂ ਕੀਤੀ ਜਾਵੇਗੀ। ਕੁਟੇਸ਼ਨ ਵਿੱਚ ਦਿੱਤੇ ਗਏ ਰੇਟ ਤੋਂ ਇਲਾਵਾਂ ਸਰਕਾਰੀ ਨਿਯਮਾਂ ਅਨੁਸਾਰ ਲੱਗਣ ਵਾਲਾ ਟੈਕਸ ਖਰੀਦਦਾਰ ਵੱਲੋਂ ਹੀ ਭਰਿਆ ਜਾਵੇਗਾ।

Conditions:

1) The Registrar reserves the right to reject the quotation without assigning any reason before/after opening of the quotations and the Any one shall have no right of any claim whatsoever for the same on this account.
2) In case of any dispute, the jurisdiction will be Patiala (Punjab) only.

ਕੰਟਰੋਲਰ (ਪ੍ਰੀਖਿਆਵਾਂ)

**ਕੁੱਟੇਸ਼ਨਾਂ ਲਈ ਪ੍ਰੋਫਾਰਮਾ:**

ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਖਰੀਦਣ ਲਈ ਯੂਨੀਵਰਸਿਟੀ ਨਾਲ ਕੀਤੇ ਜਾਣ ਵਾਲੇ ਇਕਰਾਰਨਾਮੇ ਦੀਆਂ ਸ਼ਰਤਾਂ ਮੈ ਪੜ੍ਹ ਲਈਆਂ ਹਨ ਤੇ ਮੈਨੂੰ ਸਵੀਕਾਰ ਹਨ। ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਮੈ ...................... ਰੁਪਏ ਪ੍ਰਤੀ ਕਿਲੋਗ੍ਰਾਮ ਦੇ ਹਿਸਾਬ ਨਾਲ ਖਰੀਦਣ ਦਾ ਰੇਟ ਦਿੰਦਾ ਹਾਂ। ਜਮਾਨਤੀ ਰਕਮ ਵੱਜੋਂ 10,000/- ਰੁਪਏ ਦਾ ਡਿਮਾਂਡ ਡਰਾਫ਼ਟ ਨੰ: .............................. ਮਿਤੀ.................................... ਰਿਹਾਇਸ਼ ਦਾ ਸਬੂਤ ਅਤੇ ਪਹਿਚਾਣ ਪੱਤਰ ਦੀ ਕਾਪੀ ਵੀ ਨੱਥੀ ਹੈ।

ਟੈਂਡਰਕਾਰ ਦੇ ਹਸਤਾਖਰ .........................
ਟੈਡਰਕਾਰ ਦਾ ਪੂਰਾ ਨਾਮ ........................
ਪਤਾ ...............................................
...................................................
ਫੋਨ/ਮੋਬਾਇਲ ਨੰਬਰ ............................

ਗਲੀ/ਮੁਹੱਲੇ ਕਿਸੇ ਜਾਣਕਾਰ ਦੀ ਗਵਾਹੀ:

ਹਸਤਾਰਖਰ .......................................
ਪੂਰਾ ਨਾਮ.........................................
ਪਤਾ...............................................
ਫੋਨ/ਮੋਬਾਇਲ ਨੰਬਰ ...........................

# ਇਕਰਾਰਨਾਮਾ

ਮੈ..................... ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨਾਲ ਇਕਰਾਰ ਕਰਦਾ ਹਾਂ ਕਿ ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਖਰੀਦਣ ਲਈ ਯੂਨੀਵਰਸਿਟੀ ਵੱਲੋਂ ਲਗਾਈਆਂ ਹੇਠ ਲਿਖਿਆਂ ਸ਼ਰਤਾਂ ਮੈਨੂੰ ਸਵੀਕਾਰ ਹਨ ਤੇ ਇਨ੍ਹਾਂ ਦੀ ਪਾਲਣਾ ਕਰਦੇ ਹੋਏ ਮੈ ਇਹ ਰੱਦੀ ਚੁੱਕ ਲਵਾਂਗਾ:

1) ਮੈ ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਦੀ ਖਰੀਦ ਅਕਾਇਗੀ ਰੇਟ ........................ ਪ੍ਰਤੀ ਕਿਲੋਗ੍ਰਾਮ ਦੇ ਹਿਸਾਬ ਨਾਲ ਕਰਾਂਗਾ।
2) ਯੂਨੀਵਰਸਿਟੀ ਦੀ ਪ੍ਰੀਖਿਆ ਸ਼ਾਖਾ ਦੇ ਕੈਂਪਸ ਵਿਚ ਦੱਸੇ ਗਏ ਗੋਦਾਮਾਂ ਤੋ ਇਹ ਰੱਦੀ ਚੁੱਕਣ ਦਾ ਪ੍ਰਬੰਧ ਮੇਰਾ ਆਪਣਾ ਹੋਵੇਗਾ।ਇਹ ਰੱਦੀ ਚੁਕਵਾਉਣ/ਬੋਰੀਆਂ ਵਿੱਚ ਭਰਾਈ ਅਤੇ ਰੱਦੀ/ਬੋਰੀਆਂ ਦੀ ਢੋਆ-ਢੁਆਈ ਲਈ ਲੱਗਣ ਵਾਲੀ ਲੇਬਰ ਦਾ ਪ੍ਰਬੰਧ ਤੇ ਉਸ ਤੇ ਆਉਣ ਵਾਲਾ ਸਾਰਾ ਖਰਚਾ ਆਦਿ ਮੇਰੇ ਵੱਲੋਂ ਕੀਤਾ ਜਾਵੇਗਾ।
3) ਇਕਰਾਰਨਾਮੇ ਦੀਆਂ ਸ਼ਰਤਾਂ ਦੀ ਪਾਲਣਾ ਕਰਦੇਹੋਏ, ਪੂਰੀ ਅਦਾਇਗੀ ਕਰਕੇ ਮੈ ਸਾਰੀ ਰੱਦੀ ਮਿਤੀ ................. ਤੱਕ ਚੁੱਕ ਲਵਾਂਗਾ।
4) ਰੱਦੀ ਦਾ ਭਰਿਆ ਕੋਈ ਵੀ ਟਰੱਕ ਮੇਨ ਗੇਟ ਤੋਂ ਬਾਹਰ ਲਿਜਾਣ ਤੋਂ ਪਹਿਲਾਂ ਭਰੇ ਟਰੱਕ ਦੀ ਬਣਦੀ ਅੰਦਾਜ਼ਨ ਕੀਮਤ ਦਫ਼ਤਰ ਵਿੱਚ ਅਗੇਤੇ ਤੌਰ ਤੇ ਡਰਾਫਟ/ਆਰ.ਟੀ.ਜੀ.ਐਸ ਰਾਹੀਂ ਜਮ੍ਹਾਂ ਕਰਵਾਵਾਂਗਾ।
5) ਜਿਸ ਦਿਨ ਵੀ ਰੱਦੀ ਦਾ ਟਰੱਕ ਭਰਿਆ ਜਾਵੇਗਾ, ਉਸ ਦਿਨ ਉਹ ਟਰੱਕ ਸ਼ਾਮ ਨੂੰ 4.00 ਵਜੇ ਤੱਕ ਮੇਨ ਗੇਟ ਤੋਂ ਬਾਹਰ ਲੈ ਜਾਵਾਂਗਾ। ਜੇਕਰ ਟਰੱਕ ਪੂਰਾ ਲੋਡ ਨਾ ਹੋਣ ਕਰਕੇ ਜਾਂ ਹੋਰ ਕਿਸੇ ਮੇਰੇ ਆਪਣੇ ਆਪਣੇ ਕਾਰਨ ਕਰਕੇ ਸ਼ਾਮ ਨੂੰ 4.00 ਵਜੇ ਤੱਕ ਮੇਨ ਗੇਟ ਤੋਂ ਬਾਹਰ ਟਰੱਕ ਨਾ ਲਿਜਾ ਸਕਿਆ ਤਾਂ ਉਹ ਟਰੱਕ ਉਸ ਦਿਨ ਸ਼ਾਮ/ਰਾਤ ਨੂੰ ਕੈਂਪਸ ਵਿਖੇ ਹੀ ਖੜਾ ਰਹੇਗਾ, ਅਗਲੇ ਦਿਨ ਸਵੇਰੇ 10.00 ਵਜੇ ਤੱਕ ਲੈ ਕੇ ਜਾਵਾਂਗਾ।
6) ਮਿਤੀ ....................... ਨੂੰ ਸ਼ਾਮ 4.00 ਵਜੇ ਤੱਕ ਆਖਰੀ ਟਰੱਕ ਲੋਡ ਕਰਕੇ ਜਮਾਨਤੀ ਰਕਮ ਐਡਜਸਟ ਕਰਦੇ ਹੋਏ, ਆਖਰੀ ਟਰੱਕੀ ਦੀ ਬਾਕੀ ਸਾਰੀ ਅਦਾਇਗੀ ਅੰਦਾਜ਼ਨ ਡਰਾਫਟ/ਆਰ.ਟੀ.ਜੀ.ਐਸ ਅਦਾ ਕਰਕੇ ਮੈ ਰੱਦੀ ਚੁੱਕ ਲਵਾਂਗਾ। ਜੇਕਰ ਇਸ ਮਿਤੀ ਤੱਕ ਪੂਰੀ ਰੱਦੀ ਨਾ ਚੁੱਕ ਸਕਿਆ ਤਾਂ ਅਗਲੇ ਪੰਜ ਦਿਨਾਂ ਵਿੱਚ ਇੱਕ ਹਜ਼ਾਰ ਰੁਪਏ ਪ੍ਰਤੀ ਦਿਨ, ਦੀ ਦਰ ਨਾਲ ਜੁਰਮਾਨਾ ਅਦਾ ਕਰਦੇ ਹੋਏ ਰੱਦੀ ਚੁੱਕ ਲਵਾਂਗਾ। ਮੇਰੇ ਵੱਲੋਂ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮੇਰਾ ਟੈਂਡਰ ਰੱਦ ਸਮਝਿਆ ਜਾਵੇ ਤੇ ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਕਿਸੇ ਹੋਰ ਪਾਰਟੀ ਨੂੰ ਦੇ ਦਿੱਤੀ ਜਾਵੇ, ਮੈਨੂੰ ਕੋਈ ਇਤਰਾਜ ਨਹੀ ਹੋਵੇਗਾ।
7) ਰੱਦੀ ਦੀ ਤੁਲਵਾਈ ਅਤੇ ਖਾਲੀ ਟਰੱਕ ਦੀ ਤੁਲਵਾਈ ਦਾ ਖਰਚਾ ਮੈ (ਟੈਂਡਰਕਾਰ) ਅਦਾ ਕਰਾਂਗਾ। ਖਾਲੀ ਅਤੇ ਭਰੇ ਟਰੱਕਾਂ ਦੀ ਤੁਲਵਾਈ ਯੂਨੀਵਰਸਿਟੀ ਦਫ਼ਤਰ ਵੱਲੋਂ ਦੱਸੇ ਦੋ-ਦੋ ਕੰਡਿਆਂ ਤੇ ਮੇਰੇ ਵੱਲੋਂ ਕਰਵਾਈ ਜਾਵੇਗੀ ਅਤੇ ਵੱਧ ਭਾਰ ਵਾਲੇ ਤੋਲ ਨੂੰ ਹੀ ਮੰਨਿਆ ਜਾਵੇਗਾ।
8) ਕਿਸੇ ਵੀ ਕਾਨੂੰਨੀ ਵਾਦ-ਵਿਵਾਦ ਨੂੰ ਸੁਲਝਾਉਣ ਲਈ ਜੁਰਿਸਡਿਕਸ਼ਨ ਪਟਿਆਲਾ ਕੋਰਟ ਹੋਵੇਗੀ।
9) ਜੇਕਰ ਮੈ ਉਪਰੋਕਤ ਸਾਰੀਆਂ ਸ਼ਰਤਾਂ ਜਾਂ ਇਨਾਂ ਵਿਚੋ ਕਿਸੇ ਵੀ ਸ਼ਰਤ ਨੂੰ /ਦੀ/ਮੰਨਣ/ਪਾਲਣਾ ਕਰਨ ਤੋਂ ਅਸਮਰੱਥ ਰਹਾਂ ਤਾਂ ਮੇਰੇ ਵੱਲੋਂ ਜਮ੍ਹਾ ਕਰਵਾਈ ਗਈ 10,000/-ਰੁਪਏ (ਦੱਸ ਹਜ਼ਾਰ ਰੁਪਏ) ਜਮਾਨਤ ਦੀ ਰਕਮ ਇਹ ਟੈਂਡਰ ਰਜਿਸਟਰਾਰ ਸਾਹਿਬ ਨੂੰ ਰੱਦ ਕਰਨ ਦਾ ਪੂਰਾ ਅਧਿਕਾਰ ਹੋਵੇਗਾ ਅਤੇ ਉਹ ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਕਿਸੇ ਵੀ ਢੰਗ ਨਾਲ ਜੋ ਉਨ੍ਹਾਂ ਨੂੰ ਠੀਕ ਲੱਗੇ, ਕਿਸੇ ਦੂਸਰੀ ਪਾਰਟੀ ਨੂੰ ਦੁਬਾਰਾ ਵੇਚ ਸਕਦੇ ਹਨ, ਉਹ ਪ੍ਰਤੀ ਮੈਨੂੰ ਕੋਈ ਉਜ਼ਰ ਨਹੀਂ ਹੋਵੇਗਾ। ਇਸ ਤਰ੍ਹਾਂ ਦੁਬਾਰਾ ਵੇਚਣ ਦੀ ਪ੍ਰਕਿਰਿਆ ਵਿੱਚ ਯੂਨੀਵਰਸਿਟੀ ਜੋ ਵੀ ਵਿੱਤੀ ਨੁਕਸਾਨ/ਘਾਟਾ ਹੋਵੇਗਾ, ਉਹ ਮੇਰੇ ਵੱਲੋਂ ਭਰਿਆ ਜਾਵੇਗਾ।
10) ਪੁਰਾਣੇ ਪ੍ਰਸ਼ਨ ਪੱਤਰ, ਗੱਤੇ ਦੇ ਡੱਬੇ, ਫਾਈਲਾ, ਰਜਿਸਟਰ ਅਤੇ ਪੁਰਾਣੇ ਫਾਰਮ ਆਦਿ ਦੀ ਰੱਦੀ ਦੀ ਖਰੀਦ ਵੱਲੋਂ ਜੋ ਵੀ ਟੈਕਸ ਲੱਗੇਗਾ ਉਹ ਮੇਰੇ ਵੱਲੋਂ (ਖਰੀਦਦਾਰ ਵੱਲੋਂ) ਭਰਿਆ ਜਾਵੇਗਾ।

ਮਿਤੀ.............................

ਨਾਮ.............................

ਪਤਾ.............................

..................................

ਫੋਨ ਨੰ:..........................